ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲਾ ਦੇ ਸਮੂਹ ਰੇਲਵੇ ਸ਼ਟੇਸ਼ਨਾਂ ਅਤੇ ਬੱਸ ਸਟੈਂਡ ਤੇ ਚਲਾਇਆ ਸਰਚ ਅਭਿਆਨ

ਨਸ਼ਿਆਂ ਦਾ ਖਾਤਮੇ ਲਈ ਲੋਕਾਂ ਦਾ ਸਹਿਯੋਗ ਜਰੂਰੀ:- ਭਾਗੀਰਥ ਸਿੰਘ ਮੀਨਾ IPS



ਸ੍ਰੀ ਮੁਕਤਸਰ ਸਾਹਿਬ( ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਸ੍ਰੀ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਅਤੇ ਸ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ ਉੱਥੇ ਹੀ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆ ਜਿਲ੍ਹਾਂ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਰਾਤ ਦਿਨ ਪੀ.ਸੀ.ਆਰ ਮੋਟਰਸਾਇਕਲ ਪੁਲਿਸ ਪਾਰਟੀਆਂ ਵੱਲੋਂ ਗਸ਼ਤ ਕੀਤੀ ਜਾ ਰਹੀ ਹੈ, ਉੱਥੇ ਹੀ ਡਰੋਨ ਕੈਮਰਿਆ ਰਾਹੀ ਸ਼ਹਿਰ ਅੰਦਰ ਨਿਗ੍ਹਾ ਰੱਖੀ ਜਾ ਰਹੀ ਹੈ। ਇਸੇ ਤਹਿਤ ਹੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ, ਲੰਬੀ ਦੇ ਏਰੀਏ ਵਿੱਚ ਪੈਂਦੇ ਸਮੂਹ ਰੇਲਵੇ ਸਟੇਸ਼ਨ ਅਤੇ ਬੱਸ ਸਟੈਂਡ ਵਿਖੇ ਸਰਚ ਅਭਿਆਨ ਚਲਾਇਆ ਗਿਆ।